## ਡਾਇਰੈਕਟੋਰੇਟ ,ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ,

ਸਿੱਖਿਆ ਭਵਨ, ਈ ਬਲਾਕ, 7ਵੀਂ ਮੰਜਿਲ, ਐਸ ਏ ਐਸ ਨਗਰ।

**ਦਫਤਰੀ ਹੁਕਮ**

ਨੰ: 4ਐਮਈ 2-ਪੰ:-16/ 1720 ਮਿਤੀ, ਚੰਡੀਗੜ੍ਹ:- 3-2-2016

ਇਸ ਦਫਤਰੀ ਹੁਕਮ ਰਾਹੀਂ ਸ੍ਰੀਮਤੀ ਕਮਲੇਸ਼ ਕੁਮਾਰੀ, ਸਹਾਇਕ ਲਾਈਬਰੇਰੀਅਨ, ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ ਦੀ ਤਰੱਕੀ ਬਤੌਰ ਸੀਨੀਅਰ ਲਾਈਬਰੇਰੀਅਨ ਤਨਖਾਹ ਸਕੇਲ ਰੁਪਏ 10300 - 34800 ਜਮਾ ਗਰੇਡ ਪੇ 3600 ਰੁਪਏ ਵਿਚ ਆਰਜੀ ਤੌਰ ਤੇ ਹੇਠ ਲਿਖਿਆਂ ਸ਼ਰਤਾਂ ਤੇ ਕੀਤੀ ਜਾਂਦੀ ਹੈ ਅਤੇ ਤਰੱਕੀ ਉਪਰੰਤ ਕਰਮਚਾਰਨ ਦੀ ਤੈਨਾਤੀ ਸਰਕਾਰੀ ਡੈਂਟਲ ਕਾਲਜ ਅਤੇ ਹਸਪਤਾਲ, ਅੰਮ੍ਰਿਤਸਰ ਵਿਖੇ ਕੀਤੀ ਜਾਂਦੀ ਹੈ:-

1. ਇਹ ਤਰਕੀ ਬਿਲਕੁਲ ਆਰਜੀ ਤੌਰ ਤੇ ਕੀਤੀ ਜਾਂਦੀ ਹੈ, ਜੇਕਰ ਇਹਨਾ ਆਸਾਮੀਆਂ ਲਈ ਵਿਚਾਰੇ ਗਏ ਕਰਮਚਾਰੀਆਂ ਵਿਚੋਂ ਕੋਈ ਕਰਮਚਾਰੀ ਇਹਨਾਂ ਤੋਂ ਸੀਨੀਅਰ ਪਾਇਆ ਗਿਆ ਤਾਂ ਜੂਨੀਅਰ ਕਰਮਚਾਰੀ ਨੂੰ ਤੁਰੰਤ ਉਸਦੀ ਪਹਿਲੀ ਆਸਾਮੀ ਤੇ ਰਿਵਰਟ ਕਰ ਦਿਤਾ ਜਾਵੇਗਾ।

2. ਜੇਕਰ ਬਾਦ ਵਿਚ ਕਿਸੇ ਸਟੇਜ ਤੇ ਇਹ ਪਾਇਆ ਗਿਆ ਕਿ ਕੋਈ ਵੀ ਕਰਮਚਾਰੀ ਇਸ ਆਸਾਮੀ ਲਈ ਲੋੜੀਂਦੀ ਵਿਦਿਅਕ ਯੋਗਤਾਵਾਂ ਜਾਂ ਤਜਰਬਾ ਪੂਰਾ ਨਹੀਂ ਕਰਦਾ ਹੈ ਤਾਂ ਉਸ ਕਰਮਚਾਰੀ ਨੂੰ ਤੁਰੰਤ ਉਸਦੀ ਪਹਿਲੀ ਆਸਾਮੀ ਤੇ ਰਿਵਰਟ ਕਰ ਦਿਤਾ ਜਾਵੇਗਾ।

3. ਇਹ ਤਰਕੀ ਕਾਰਨ ਨਵੀਂ ਆਸਾਮੀਂ ਤੇ ਹਾਜਰ ਹੋਣ ਕਾਰਣ ਕਰਮਚਾਰੀ ਨੂੰ ਇਕ ਸਾਲ ਦੇ ਸਮੇਂ ਲਈ ਪਰਖ ਕਾਲ ਸਮਾਂ ਤਸੱਲੀਬਖਸ਼ ਤਰੀਕੇ ਨਾਲ ਪਾਰ ਕਰਨਾ ਪਵੇਗਾ, ਜੇਕਰ ਇਸ ਪਰਖ ਕਾਲ ਸਮੇਂ ਦੌਰਾਨ ਕਰਮਚਾਰੀ ਦਾ ਕੰਮ ਕਾਜ ਤਸਲੀਬਖਸ਼ ਨਾ ਪਾਇਆ ਗਿਆ ਤਾਂ ਕਰਮਚਾਰੀ ਨੂੰ ਬਿਨਾ ਕੋਈ ਕਾਰਨ ਦਸੇ ਉਸਦੀ ਪਹਿਲੀ ਆਸਾਮੀ ਤੇ ਰਿਵਰਟ ਕਰ ਦਿਤਾ ਜਾਵੇਗਾ।

4. ਕਰਮਚਾਰੀ ਨੂੰ ਇਹਨਾ ਹੁਕਮਾਂ ਦੀ ਪਾਲਣਾ ਵਿਚ ਨਵੀਂ ਤੈਨਾਤੀ ਦੀ ਥਾਂ ਤੇ ਹਾਜਰ ਹੋਣ ਲਈ ਤੁਰੰਤ ਰਲੀਵ ਕਰ ਦਿਤਾ ਜਾਵੇ ਅਤੇ ਕਰਮਚਾਰੀਆਂ ਨੂੰ ਇਹ ਹੁਕਮ ਜਾਰੀ ਹੋਣ ਦੇ 15 ਦਿਨਾ ਦੇ ਅੰਦਰ ਅੰਦਰ ਨਵੀਂ ਤੈਨਾਤੀ ਦੀ ਥਾਂ ਤੇ ਹਾਜਰ ਹੋਣਾ ਪਵੇਗਾ ਜੇਕਰ ਕੋਈ ਕਰਮਚਾਰੀ ਮਿਥੇ ਸਮੇਂ, 15 ਦਿਨਾਂ ਦੇ ਅੰਦਰ ਅੰਦਰ, ਨਵੀਂ ਤੈਨਾਤੀ ਦੀ ਥਾਂ ਤੇ ਹਾਜਰ ਨਹੀਂ ਹੁੰਦਾ ਤਾਂ ਉਸ ਦੀ ਤਰਕੀ ਦੇ ਹੁਕਮ ਰੱਦ ਸਮਝੇ ਜਾਣਗੇ ਅਤੇ ਕਰਮਚਾਰੀ ਨੂੰ ਇਸ ਤਰਕੀ ਤੇ ਵਿਚਾਰਣ ਲਈ 3 ਸਾਲ ਦੇ ਸਮੇਂ ਲਈ ਡਿਬਾਰ ਕੀਤਾ ਜਾਵੇਗਾ।

5. ਕਰਮਚਾਰੀ ਤੋਂ ਤਰਕੀ ਉਪਰੰਤ ਨਵੀਂ ਤੈਨਾਤੀ ਦੀ ਥਾਂ ਤੇ ਹਾਜਰ ਹੋਣ ਤੋਂ ਪਹਿਲਾਂ ਉਕਤ ਸ਼ਰਤਾਂ ਦੀ ਸਹਿਮਤੀ ਬਾਰੇ ਤਸਦੀਕਸ਼ੁਦਾ ਹਲਫਿਆ ਬਿਆਨ ਲੈ ਲਿਆ ਜਾਵੇ ਅਤੇ ਇਹ ਹਲਫਿਆ ਬਿਆਨ ਕਰਮਚਾਰੀਆਂ ਦੀ ਹਾਜਰੀ ਰਿਪੋਟ, ਜੋ ਸੰਸਥਾ ਦੇ ਮੁਖੀ ਵਲੋਂ ਸਹੀ ਕੀਤੀ ਹੋਵੇ, ਦੇ ਨਾਲ ਇਸ ਦਫਤਰ ਨੂੰ ਭੇਜੇ ਜਾਣ।

6. ਇਹ ਤਸਦੀਕ ਕੀਤਾ ਜਾਂਦਾ ਹੈ ਕਿ ਜੇਕਰ ਇਸ ਕਰਮਚਾਰੀ ਦੀ ਤਰੱਕੀ ਬਤੌਰ ਸੀਨੀਅਰ ਲਾਈਬਰੇਰੀਅਨ ਨਹੀਂ ਕੀਤੀ ਜਾਂਦੀ ਤਾਂ ਉਸਨੇ ਸਹਾਇਕ ਲਾਈਬਰੇਰੀਅਨ ਦੀ ਪੁਰਾਣੀ ਆਸਾਮੀ ਤੇ ਹੀ ਕੰਮ ਕਰਨਾ ਸੀ।

ਡਾਇਰੈਕਟਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ।

ਪਿੱਠ ਅੰ:ਨੰ:4ਐਮ.ਈ.2-ਪੰ:16/ 1721 ਮਿਤੀ ਚੰਡੀਗੜ੍ਹ:- 3-2-2016

ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਅਗਲੀ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ। ਕਰਮਚਾਰੀਆਂ ਦੀ ਫਾਰਗੀ ਅਤੇ ਹਾਜਰੀ ਰਿਪੋਟਾਂ ਇਸ ਦਫਤਰ ਨੂੰ ਭੇਜੀਆਂ ਜਾਣ:-

1. ਪ੍ਰਿੰਸੀਪਲ, ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ।
2. ਪ੍ਰਿੰਸੀਪਲ, ਸਰਕਾਰੀ ਡੈਂਟਲ ਕਾਲਜ ਅਤੇ ਹਸਪਤਾਲ, ਅੰਮ੍ਰਿਤਸਰ ।
3. ਸ੍ਰੀਮਤੀ ਕਮਲੇਸ਼ ਕੁਮਾਰੀ, ਸਹਾਇਕ ਲਾਈਬਰੇਰੀਅਨ, ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ।

ਡਾਇਰੈਕਟਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ।